# Press Note

**JAGAT GURU NANAK DEV PUNJAB STATE OPEN UNIVERSITY, PATIALA**

(Established by Act No.19 of 2019 of Legislature of the State of Punjab)

**PSOU/PRO/2024/135** **22 January 2025**

## JGND PSOU conducts Special Session for Academic Counsellors
## 22 January 2025

Jagat Guru Nanak Dev Punjab State Open University (JGND PSOU), Patiala organized a one-day special interactive event under the guidance of Sh. Kamal Kishore Yadav, (IAS) Hon'ble Vice Chancellor, JGND PSOU. This event was organized with the support of Sh. Sanjeev Sharma, DEO, Patiala and Dr. Ravinderpal Sharma, Deputy DEO, Patiala. Sh. Inderpreet Singh, District Guidance Counsellor, Patiala and Prof. (Dr.) Sukhwinder Singh, Principal, Govt. Mohindra College, Patiala were among the dignitaries who attended the event, the objective of which was to create awareness about higher education in the state of Punjab. Over **200** guidance counsellors and teachers from government institutions of Patiala district participated in the event.

Prof. (Dr.) Baljit Singh Khehra, Registrar, JGND PSOU, extended a warm welcome to the dignitaries and all the participants. In his welcome address, Prof. Khehra emphasized, "Skill-based education is pivotal for fostering both social and economic growth. By equipping individuals with the right skills, we can empower society to move towards a brighter and more progressive future. Education has the transformative potential to shape not only the individual but also the collective development of our communities."

Dr. Sukhpal Kaur, Head, Admission Cell, JGND PSOU presented a detailed presentation to share the achievements of the university. "The motto of the university is SEWA: Skill Enhancement, Employability, Wisdom, Accessibility, and keeping this motto in mind, University has launched special schemes for differently abled students, jail inmate students, SC category students, and students who are working as teaching and non-teaching staff of schools, colleges and universities to update their knowledge with the changing times and conditions. This is the first university in the State which provides free education to differently abled students," she said.

Dr. Sukhpal also provided brief information about the programmes and courses offered in the university along with the examination and admission process in the University in two academic cycles in January and July, and the UGC-DEB April 2022 Guidelines which facilitate the double degree programmes. The special event also featured an interactive query session, where participants had the opportunity to clarify their doubts regarding the university's examination and admission procedures. This session proved to be highly informative, offering valuable insights into the process. Mr. Deepak Verma, a student of JGND PSOU, shared his personal experience of studying at the university. He highlighted the academic support, enriching learning environment, and the unique opportunities that have contributed to his growth, providing the participants with a firsthand perspective of experience with JGND PSOU. Prof. Kanwalvir Singh Dhindsa, Controller of Examinations, JGND PSOU presented the vote of thanks. Dr. Parampreet Kaur, Assistant Professor was the coordinator of the event and Dr. Amarjit Singh, Assistant Professor moderated the stage.

23/01/25

**Director**
**Public Relations**

Director-Public Relations Cell
Jagat Guru Nanak Dev
Punjab State Open University
Patiala – 147001(PB) INDIA

JAGAT GURU NANAK DEV PUNJAB STATE OPEN UNIVERSITY,
PATIALA
(Established by Act No.19 of 2019 of Legislature of the State of Punjab)

**PSOU/PRO/2024/135** **22 ਜਨਵਰੀ 2025**

## JGND PSOU ਵੱਲੋਂ ਇੱਕ ਰੋਜ਼ਾ ਸੈਮੀਨਾਰ ਦਾ ਆਯੋਜਨ

### 22 ਜਨਵਰੀ 2025

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵੱਲੋਂ ਸ੍ਰੀ ਕੇ . ਕੇ. ਯਾਦਵ, (ਆਈ. ਏ. ਐਸ) ਮਾਣਯੋਗ ਵਾਈਸ ਚਾਂਸਲਰ ਦੀ ਯੋਗ ਅਗਵਾਈ ਹੇਠ ਇੱਕ ਰੋਜ਼ਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਹ ਸੈਮੀਨਾਰ ਸ੍ਰੀ ਸੰਜੀਵ ਸ਼ਰਮਾ, ਜ਼ਿਲ੍ਹਾ ਸਿੱਖਿਆ ਅਫ਼ਸਰ, ਡਾ. ਰਵਿੰਦਰਪਾਲ ਸ਼ਰਮਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਜ਼ਿਲ੍ਹਾ ਸਿੱਖਿਆ ਵਿਭਾਗ ਪਟਿਆਲਾ) ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਸੈਮੀਨਾਰ ਦਾ ਉਦੇਸ਼ ਪੰਜਾਬ ਰਾਜ ਵਿੱਚ ਸਿੱਖਿਆ ਨੂੰ ਜਾਗਰੂਕ ਕਰਨਾ ਸੀ ।

ਇਸ ਸੈਮੀਨਾਰ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. ਬਲਜੀਤ ਸਿੰਘ ਖਹਿਰਾ ਦੁਆਰਾ ਸਵਾਗਤੀ ਭਾਸ਼ਣ ਨਾਲ ਕੀਤੀ ਗਈ। ਉਹਨਾਂ ਨੇ ਸ੍ਰੀ ਇੰਦਰਪ੍ਰੀਤ ਸਿੰਘ, ਜ਼ਿਲ੍ਹਾ ਕੌਂਸਲਰ ਅਤੇ ਪਟਿਆਲਾ ਜ਼ਿਲੇ ਤੋਂ ਆਏ ਅਧਿਆਪਕਾਂ ਦਾ ਸਵਾਗਤ ਕੀਤਾ। ਉਹਨਾਂ ਨੇ ਗੁਰੂ ਨਾਨਕ ਦੇਵ ਜੀ ਦੀ ਸਿੱਖਿਆ ਨੂੰ ਹਰ ਘਰ ਤੱਕ ਪਹੁੰਚਾਉਣ ਦਾ ਸੰਦੇਸ਼ ਦਿੱਤਾ। ਪ੍ਰੋ. ਖਹਿਰਾ ਨੇ ਕਿਹਾ ਕਿ ਹੁਨਰ ਅਧਾਰਿਤ ਸਿੱਖਿਆ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਮਹੱਤਵਪੂਰਨ ਹੈ। ਸੈਮੀਨਾਰ ਦੇ ਸਲਾਹਕਾਰ ਵਜੋਂ ਸ੍ਰੀ ਇੰਦਰਪ੍ਰੀਤ ਸਿੰਘ, ਜ਼ਿਲ੍ਹਾ ਕੌਂਸਲਰ ਨੇ ਸ਼ਿਰਕਤ ਕੀਤੀ। ਉਹਨਾਂ ਕਿਹਾ ਕਿ ਅਸੀਂ ਸਿੱਖਿਆ ਨਾਲ ਸਮਾਜ ਨੂੰ ਇੱਕ ਚੰਗੀ ਸੇਧ ਦੇ ਸਕਦੇ ਹਾਂ |

ਡਾ. ਸੁਖਪਾਲ ਕੌਰ, ਮੁਖੀ ਦਾਖਲਾ ਸੈਲ, ਨੇ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਅਤੇ ਦਾਖ਼ਲੇ ਸੰਬੰਧੀ ਜਾਣਕਾਰੀ ਸਾਂਝੀ ਕਰਨ ਲਈ ਇੱਕ ਵਿਸਤ੍ਰਿਤ ਪ੍ਰਸਤਾਵ ਪੇਸ਼ ਕੀਤਾ। ਉਹਨਾਂ ਨੇ ਯੂਨੀਵਰਸਿਟੀ, ਦਾ ਮੋਟੋ **SEWA: Skill Enhancement, Employability, Wisdom, Accessibility** ਬਾਰੇ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਵਿਦਿਆਰਥੀ ਯੂਨੀਵਰਸਿਟੀ ਵਿੱਚ ਸਾਲ ਵਿੱਚ ਦੋ ਅਕਾਦਮਿਕ ਸਾਇਕਲ (ਜੁਲਾਈ ਅਤੇ ਜਨਵਰੀ) ਵਿੱਚ ਦਾਖਲਾ ਲੈ ਸਕਦੇ ਹਨ। ਉਹਨਾਂ ਦੁਆਰਾ ਯੂਨੀਵਰਸਿਟੀ ਵਿੱਚ ਚਲ ਰਹੇ ਕੋਰਸਾਂ ਬਾਰੇ ਸੰਖੇਪ ਵਿੱਚ ਜਾਣਕਾਰੀ ਦਿੱਤੀ ਗਈ। ਯੂ. ਜੀ.ਸੀ. ਡੈਬ (**UGC-DEB**) ਦੁਆਰਾ ਅਪ੍ਰੈਲ 2022 ਦੀ ਗਾਇਡ-ਲਾਇਨ ਜਿਹੜੀ ਕੀ ਦੋਹਰੀ ਡਿਗਰੀ ਦੀ ਸਹੂਲਤ ਬਾਰੇ ਦੱਸਿਆ। ਡਾ. ਸੁਖਪਾਲ ਨੇ ਯੂਨੀਵਰਸਿਟੀ ਦੀ ਵੈਬਸਾਈਟ, ਵੀਡੀਓ ਲੈਕਚਰ, ਦਾਖ਼ਲੇ ਦੀ ਪ੍ਰਕਿਰਿਆ, ਵੱਖ ਵੱਖ ਵਰਗਾਂ ਦੇ ਵਿਦਿਆਰਥੀਆਂ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਨੂੰ ਸਾਰਿਆਂ ਸਾਹਮਣੇ ਬੜੇ ਸੁਚੱਜੇ ਢੰਗ ਨਾਲ ਰੱਖਿਆ। ਉਹਨਾਂ ਕਿਹਾ ਕਿ ਵਿਦਿਆਰਥੀ ਆਪਣੇ ਨਤੀਜੇ ਡਿਜੀਲੌਕਰ (**DigiLocker**) 'ਤੇ ਵੀ ਦੇਖ ਸਕਦੇ ਹਨ। ਸ੍ਰੀ ਦੀਪਕ ਵਰਮਾ, ਯੂਨੀਵਰਸਿਟੀ ਵਿਦਿਆਰਥੀ ਅਤੇ ਅਧਿਆਪਕ ਵੱਜੋਂ ਅਪਣਾ ਤਜ਼ਰਬਾ ਸਾਂਝਾ ਕੀਤਾ।

ਪ੍ਰੋ. ਕੰਵਲਵੀਰ ਸਿੰਘ ਚੀਂਡਸਾ, ਕੰਟਰੋਲਰ ਪ੍ਰੀਖਿਆਵਾਂ ਨੇ ਆਏ ਸਭ ਦਾ ਧੰਨਵਾਦ ਕੀਤਾ। ਡਾ. ਅਮਰਜੀਤ ਸਿੰਘ, ਸਹਾਇਕ ਪ੍ਰੋਫੈਸਰ ਦੁਆਰਾ ਮੰਚ ਸੰਚਾਲਨ ਕੀਤਾ ਗਿਆ ਅਤੇ ਡਾ. ਪਰਮਪ੍ਰੀਤ ਕੌਰ, ਸਹਾਇਕ ਪ੍ਰੋਫੈਸਰ ਇਸ ਸਮਾਗਮ ਦੇ ਕੋਆਰਡੀਨੇਟਰ ਸਨ। ਕੰਵਲਵੀਰ ਸਿੰਘ ਚੀਂਡਸਾ, ਕੰਟਰੋਲਰ ਪ੍ਰੀਖਿਆਵਾਂ; ਸ੍ਰੀ ਗਗਨਦੀਪ ਔਲ, ਡਿਪਟੀ ਰਜਿਸਟਰਾਰ;ਸ੍ਰੀ ਮਨਪ੍ਰੀਤ ਸਿੰਘ ਸਿੱਧੂ, ਅਸਿਸਟੈਂਟ ਰਜਿਸਟਰਾਰ ਅਤੇ ਯੂਨੀਵਰਸਿਟੀ ਦਾ ਸਮੂਹ ਸਟਾਫ ਮੌਜੂਦ ਰਹੇ। ਇਸ ਸੈਮੀਨਾਰ ਵਿੱਚ 200 ਤੋਂ ਵੱਧ ਅਧਿਆਪਕਾਂ ਅਤੇ ਕੌਂਸਲਰਾਂ ਨੇ ਭਾਗ ਲਿਆ।

NM 23/01/25

ਡਾਇਰੈਕਟਰ
ਲੋਕ ਸੰਪਰਕ ਸੈਲ
Director [illegible]ations Cell
Jagat G[illegible] Nanak Dev
Punjab State Open University
Patiala – 147001(PB) INDIA

# ਹੁਨਰ ਆਧਾਰਤ ਸਿੱਖਿਆ ਵਿੱਤੀ ਵਿਕਾਸ 'ਚ ਵਢਮੁੱਲੀ

**ਪੱਤਰ ਪ੍ਰੇਰਕ, •ਪੰਜਾਬੀ ਜਾਗਰਣ•**

**ਪਟਿਆਲਾ** : ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਵੱਲੋਂ ਵਾਈਸ ਚਾਂਸਲਰ ਕੇ.ਕੇ. ਯਾਦਵ ਦੀ ਅਗਵਾਈ ਹੇਠ ਇਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ।

ਸੈਮੀਨਾਰ ਜ਼ਿਲ੍ਹਾ ਸਿੱਖਿਆ ਅਫ਼ਸਰ ਸੰਜੀਵ ਸ਼ਰਮਾ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਰਵਿੰਦਰਪਾਲ ਸ਼ਰਮਾ ਦੇ ਸਹਿਯੋਗ ਨਾਲ ਕਰਵਾਇਆ ਗਿਆ। ਸੈਮੀਨਾਰ ਦਾ ਉਦੇਸ਼ ਪੰਜਾਬ ਰਾਜ ਵਿਚ ਸਿੱਖਿਆ ਬਾਰੇ ਜਾਗਰੂਕ ਕਰਨਾ ਸੀ। ਸੈਮੀਨਾਰ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. ਬਲਜੀਤ ਸਿੰਘ ਖਹਿਰਾ ਦੁਆਰਾ ਸਵਾਗਤੀ ਭਾਸ਼ਣ ਨਾਲ ਕੀਤੀ ਗਈ। ਉਨ੍ਹਾਂ ਨੇ ਇੰਦਰਪ੍ਰੀਤ ਸਿੰਘ ਜ਼ਿਲ੍ਹਾ ਕੌਂਸਲਰ ਅਤੇ ਪਟਿਆਲਾ ਜ਼ਿਲ੍ਹੇ ਤੋਂ ਆਏ ਅਧਿਆਪਕਾਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੀ ਸਿੱਖਿਆ ਨੂੰ ਹਰ ਘਰ ਤੱਕ ਪਹੁੰਚਾਉਣ ਦਾ ਸੰਦੇਸ਼ ਦਿੱਤਾ। ਪ੍ਰੋ. ਖਹਿਰਾ ਨੇ ਕਿਹਾ ਕਿ ਹੁਨਰ ਅਧਾਰਿਤ ਸਿੱਖਿਆ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਮਹੱਤਵਪੂਰਨ ਹੈ। ਸੈਮੀਨਾਰ ਦੇ ਸਲਾਹਕਾਰ ਵਜੋਂ ਇੰਦਰਪ੍ਰੀਤ ਸਿੰਘ, ਜ਼ਿਲ੍ਹਾ ਕੌਂਸਲਰ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਅਸੀਂ ਸਿੱਖਿਆ ਨਾਲ ਸਮਾਜ ਨੂੰ ਇੱਕ ਚੰਗੀ ਸੇਧ ਦੇ ਸਕਦੇ ਹਾਂ।



ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਬੁਲਾਰੇ। ਪੰਜਾਬੀ ਜਾਗਰਣ

ਡਾ. ਸੁਖਪਾਲ ਕੌਰ ਮੁਖੀ ਦਾਖਲਾ ਸੈਲ ਨੇ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਅਤੇ ਦਾਖ਼ਲੇ ਸਬੰਧੀ ਜਾਣਕਾਰੀ ਸਾਂਝੀ ਕਰਨ ਲਈ ਇਕ ਵਿਸਤ੍ਰਿਤ ਪ੍ਰਸਤਾਵ ਪੇਸ਼ ਕੀਤਾ। ਉਨ੍ਹਾਂ ਦੁਆਰਾ ਯੂਨੀਵਰਸਿਟੀ 'ਚ ਚਲ ਰਹੇ ਕੋਰਸਾਂ ਬਾਰੇ ਸੰਖੇਪ ਵਿਚ ਜਾਣਕਾਰੀ ਦਿੱਤੀ ਗਈ। ਯੂਜੀਸੀ ਡੈਬ ਦੁਆਰਾ ਅਪ੍ਰੈਲ 2022 ਦੀ ਗਾਇਡ-ਲਾਇਨ ਜਿਹੜੀ ਕੀ ਦੋਹਰੀ ਡਿਗਰੀ ਦੀ ਸਹੂਲਤ ਬਾਰੇ ਦੱਸਿਆ। ਡਾ. ਸੁਖਪਾਲ ਨੇ ਯੂਨੀਵਰਸਿਟੀ ਦੀ ਵੈਬਸਾਈਟ, ਵੀਡੀਓ ਲੈਕਚਰ, ਦਾਖ਼ਲੇ ਦੀ ਪ੍ਰਕਿਰਿਆ, ਵੱਖ ਵੱਖ ਵਰਗਾਂ ਦੇ ਵਿਦਿਆਰਥੀਆਂ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਨੂੰ ਸਾਰਿਆਂ ਸਾਹਮਣੇ ਬੜੇ ਸੁਚੱਜੇ ਢੰਗ ਨਾਲ ਰੱਖਿਆ। ਪ੍ਰੋ. ਕੰਵਲਵੀਰ ਸਿੰਘ ਢੀਂਡਸਾ, ਕੰਟਰੋਲਰ ਪ੍ਰੀਖਿਆਵਾਂ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਡਾ. ਅਮਰਜੀਤ ਸਿੰਘ ਸਹਾਇਕ ਪ੍ਰੋਫੈਸਰ ਦੁਆਰਾ ਮੰਚ ਸੰਚਾਲਨ ਕੀਤਾ ਗਿਆ ਅਤੇ ਡਾ. ਪਰਮਪ੍ਰੀਤ ਕੌਰ ਸਹਾਇਕ ਪ੍ਰੋਫੈਸਰ ਇਸ ਸਮਾਗਮ ਦੇ ਕੋਆਰਡੀਨੇਟਰ ਸਨ। ਸੈਮੀਨਾਰ ਵਿਚ 200 ਤੋਂ ਵੱਧ ਅਧਿਆਪਕਾਂ ਅਤੇ ਕੌਂਸਲਰਾਂ ਨੇ ਭਾਗ ਲਿਆ।

# ਸਕੂਲ ਗਾਈਡੈਂਸ ਕਾਊਂਸਲਰਾਂ ਦਾ ਜਗਤ ਗੁਰੂ ਨਾਨਕ ਦੇਵ ਪੰਜਾਬ ਰਾਜ ਓਪਨ ਯੂਨੀਵਰਸਿਟੀ ਵਲੋਂ ਇਕ ਦਿਨਾ ਸੈਮੀਨਾਰ ਕਰਵਾਇਆ

ਪਟਿਆਲਾ, 22 ਜਨਵਰੀ (ਗੁਰਵਿੰਦਰ ਸਿੰਘ ਔਲਖ)-ਸਕੱਤਰ ਸਕੂਲ ਸਿੱਖਿਆ ਪੰਜਾਬ ਅਤੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਕਮਲ ਕਿਸ਼ੋਰ ਯਾਦਵ ਆਈ.ਏ.ਐਸ. ਦੀ ਅਗਵਾਈ ਅਤੇ ਡਾ. ਬਲਜੀਤ ਸਿੰਘ ਖਹਿਰਾ ਦੀ ਦੇਖ-ਰੇਖ ਹੇਠ ਜ਼ਿਲ੍ਹਾ ਪਟਿਆਲਾ ਦੇ ਸਕੂਲਾਂ ਵਿਚ ਸਕੂਲ ਗਾਈਡੈਂਸ ਕਾਊਂਸਲਰ ਦੀਆਂ ਡਿਊਟੀਆਂ ਨਿਭਾ ਰਹੇ ਅਧਿਆਪਕਾਂ ਦਾ ਇਕ ਦਿਨਾ ਸੈਮੀਨਾਰ ਮਹਿੰਦਰਾ ਕਾਲਜ ਵਿਖੇ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵਲੋਂ ਕਰਵਾਇਆ ਗਿਆ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਯੂਨੀਵਰਸਿਟੀ ਰਜਿਸਟਰਾਰ ਡਾ. ਬਲਜੀਤ ਸਿੰਘ ਖਹਿਰਾ ਅਤੇ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਇੰਦਰਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਸੈਮੀਨਾਰ ਸੰਜੀਵ ਸ਼ਰਮਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਅਤੇ ਡਾ. ਰਵਿੰਦਰਪਾਲ ਸ਼ਰਮਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪਟਿਆਲਾ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਸੈਮੀਨਾਰ ਦਾ ਉਦੇਸ਼ ਪੰਜਾਬ ਦੇ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਵਿਦਿਆਰਥੀਆਂ ਅਤੇ ਪੜ੍ਹਾ ਰਹੇ ਅਧਿਆਪਕਾਂ ਨੂੰ ਪੰਜਾਬ ਰਾਜ ਓਪਨ ਯੂਨੀਵਰਸਿਟੀ ਵਲੋਂ ਚਲਾਏ ਜਾ ਰਹੇ ਪ੍ਰੋਗਰਾਮਾਂ ਅਤੇ ਕੋਰਸਾਂ ਬਾਰੇ ਜਾਗਰੂਕ ਕਰਨਾ ਸੀ। ਇਸ ਮੌਕੇ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਬਲਜੀਤ ਸਿੰਘ ਖਹਿਰਾ ਨੇ ਕਿਹਾ ਕਿ ਪੰਜਾਬ ਰਾਜ ਓਪਨ ਯੂਨੀਵਰਸਿਟੀ ਨੇ ਸਿੱਖਿਆ ਦਾ ਮਨੋਰਥ ਵਿਦਿਆਰਥੀਆਂ ਅੰਦਰ ਗਿਆਨ ਵਧਾਉਣਾ, ਉਨ੍ਹਾਂ ਦੇ ਹੁਨਰ ਨੂੰ ਪ੍ਰਫੁੱਲਿਤ ਕਰਨਾ, ਆਸ਼ਾਵਾਦੀ ਅਤੇ ਸਾਕਾਰਾਤਮਕ ਦ੍ਰਿਸ਼ਟੀਕੋਣ ਬਣਾਉਣ ਦੇ ਨਾਲ ਨਾਲ ਨੈਤਿਕ ਕਦਰਾਂ ਕੀਮਤਾਂ ਦਾ ਵਿਕਾਸ ਕਰਨਾ ਹੈ। ਉਨ੍ਹਾਂ ਨੇ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਇੰਦਰਪ੍ਰੀਤ ਸਿੰਘ ਦੇ ਨਾਲ ਸੈਮੀਨਾਰ ਵਿਚ ਪਹੁੰਚੇ ਸਮੂਹ ਅਧਿਆਪਕਾਂ ਨੂੰ ਜੀ ਆਇਆਂ ਕਿਹਾ। ਇੰਦਰਪ੍ਰੀਤ ਸਿੰਘ ਜ਼ਿਲ੍ਹਾ ਗਾਈਡੈਂਸ ਕੌਂਸਲਰ ਪਟਿਆਲਾ ਨੇ ਕਿਹਾ ਕਿ ਸਿੱਖਿਆ ਨਾਲ ਸਮਾਜ ਨੂੰ ਇਕ ਚੰਗੀ ਸੇਧ ਮਿਲਦੀ ਹੈ। ਡਾ. ਸੁਖਪਾਲ ਕੌਰ, ਮੁਖੀ ਦਾਖ਼ਲਾ ਸੈੱਲ ਨੇ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਅਤੇ ਦਾਖ਼ਲੇ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਯੂਨੀਵਰਸਿਟੀ ਦੇ ਮਾਟੋ ਸੇਵਾ, ਕੌਸ਼ਲ ਨਿਪੁੰਨਤਾ, ਰੋਜ਼ਗਾਰ ਦੇ ਮੌਕਿਆਂ ਨੂੰ ਪੈਦਾ ਕਰਨ ਦੇ ਯੋਗ ਬਣਾਉਣ, ਬੁੱਧੀਮਤਾ ਅਤੇ ਹਰੇਕ ਲੋੜਵੰਦ ਤੱਕ ਪਹੁੰਚ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ 'ਤੇ ਚਾਨਣਾ ਪਾਇਆ। ਡਾ. ਸੁਖਪਾਲ ਨੇ ਯੂਨੀਵਰਸਿਟੀ ਦੀ ਵੈਬਸਾਈਟ, ਆਨ ਲਾਈਨ ਸਿੱਖਿਆ, ਦਾਖ਼ਲੇ ਦੀ ਪ੍ਰਕਿਰਿਆ, ਵੱਖ ਵੱਖ ਵਰਗਾਂ ਦੇ ਵਿਦਿਆਰਥੀਆਂ ਲਈ ਚਲਾਈਆਂ ਜਾ ਰਹੀਆਂ ਲਾਹੇਵੰਦ ਸਕੀਮਾਂ ਨੂੰ ਦੱਸਿਆ। ਉਨ੍ਹਾਂ ਕਿਹਾ ਕਿ ਵਿਦਿਆਰਥੀ ਅਪਣੇ ਨਤੀਜੇ ਡਿਜੀਲੌਕਰ 'ਤੇ ਵੀ ਦੇਖ ਸਕਦੇ ਹਨ। ਦੀਪਕ ਵਰਮਾ ਯੂਨੀਵਰਸਿਟੀ ਵਿਦਿਆਰਥੀ ਨੇ ਆਪਣੇ ਵਡਮੁੱਲੇ ਤਜ਼ਰਬੇ ਸਾਂਝੇ ਕੀਤੇ ਅਤੇ ਮੌਜੂਦ ਸੈਮੀਨੇਰਅਨ ਨੂੰ ਪ੍ਰੇਰਿਤ ਕੀਤਾ। ਪ੍ਰੋ. ਕੰਵਲਵੀਰ ਸਿੰਘ ਢੀਂਡਸਾ, ਕੰਟਰੋਲਰ ਪ੍ਰੀਖਿਆਵਾਂ ਨੇ ਆਏ ਸਭ ਦਾ ਧੰਨਵਾਦ ਕੀਤਾ। ਡਾ. ਅਮਰਜੀਤ ਸਿੰਘ, ਸਹਾਇਕ ਪ੍ਰੋਫੈਸਰ ਦੁਆਰਾ ਮੰਚ ਸੰਚਾਲਨ ਕੀਤਾ ਗਿਆ ਅਤੇ ਡਾ. ਪਰਮਪ੍ਰੀਤ ਕੌਰ, ਸਹਾਇਕ ਪ੍ਰੋਫੈਸਰ ਇਸ ਸਮਾਗਮ ਦੇ ਕੋਆਰਡੀਨੇਟਰ ਰਹੇ। ਇਸ ਮੌਕੇ ਕੰਵਲਵੀਰ ਸਿੰਘ ਢੀਂਡਸਾ, ਕੰਟਰੋਲਰ ਪ੍ਰੀਖਿਆਵਾਂ, ਗਗਨਦੀਪ ਔਲਖ ਡਿਪਟੀ ਰਜਿਸਟਰਾਰ, ਮਨਪ੍ਰੀਤ ਸਿੱਧੂ ਅਸਿਸਟੈਂਟ ਰਜਿਸਟਰਾਰ, ਵੱਖ-ਵੱਖ ਬਲਾਕਾਂ ਦੇ ਬਲਾਕ ਗਾਈਡੈਂਸ ਕਾਊਂਸਲਰ, ਰਾਜਿੰਦਰ ਸਿੰਘ ਚਾਨੀ ਸਕੂਲ ਕਾਊਂਸਲਰ ਅਤੇ ਯੂਨੀਵਰਸਿਟੀ ਦੇ ਸਮੂਹ ਸਟਾਫ ਮੈਂਬਰ ਵੀ ਮੌਜੂਦ ਰਹੇ।



**ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵਲੋਂ ਕਰਵਾਏ ਪ੍ਰੋਗਰਾਮ ਦਾ ਦ੍ਰਿਸ਼।** **ਅਜੀਤ ਤਸਵੀਰ**

## ਲੜਕੀ ਨੂੰ ਘਰੋਂ ਭਜਾਉਣ ਵਾਲੇ ਖਿਲਾਫ਼ ਮਾਮਲਾ ਦਰਜ

ਪਟਿਆਲਾ, 22 ਜਨਵਰੀ (ਗੁਰਵਿੰਦਰ ਸਿੰਘ ਔਲਖ)-ਥਾਣਾ ਤ੍ਰਿਪੜੀ ਦੀ ਪੁਲਿਸ

ਅਜੀਤ ®©
23-Jan-2025
Page: 6
http://epaper.ajitjalandhar.com/edition/20250123/11/6.cms

Photos




Jagat Guru Nanak Dev
Punjab State Open University, Patiala
https://psou.ac.in/




Jagat Guru Nanak Dev
Punjab State Open University, Patiala
https://psou.ac.in/
Dr. Ravinderpal Sharma
Deputy D.E.O.
Sh. Sanjeev Sharma
Dr. Baljit Singh Khehra
Registrar
Controller of Examinations




Links

https://www.facebook.com/share/p/15qKTESaWu/

https://www.facebook.com/share/p/1F3Vdj6Bb7/

https://www.instagram.com/p/DFJzV8EP7Tp/?igsh=MXY5ZWx0eGkzZDN5eA

https://www.instagram.com/p/DFHzXeNPkrM/?igsh=aHo2dXB3ZWQ2eG40